ਨੰ.13/18/2023-1ਵਿ.ਬ2/706
ਪੰਜਾਬ ਸਰਕਾਰ
ਵਿੱਤ ਵਿਭਾਗ
(ਵਿੱਤ ਬਜਟ-2 ਸ਼ਾਖਾ)

ਮਿਤੀ, ਚੰਡੀਗੜ੍ਹ : 20 ਜੁਲਾਈ, 2023

ਸੇਵਾ ਵਿਖੇ

1. ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ ਪੰਜਾਬ ਸਰਕਾਰ;
2. ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ;
3. ਸਮੂਹ ਡਵੀਜਨਾਂ ਦੇ ਕਮਿਸ਼ਨਰਜ਼;
4. ਸਮੂਹ ਡਿਪਟੀ ਕਮਿਸ਼ਨਰਜ਼, ਜ਼ਿਲ੍ਹਾ ਤੇ ਸੈਸ਼ਨ ਜੱਜ ਅਤੇ;
5. ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ;
6. ਸਕੱਤਰ, ਪੰਜਾਬ ਵਿਧਾਨ ਸਭਾ।

ਵਿਸ਼ਾ- ਰਾਜ ਸਰਕਾਰ ਵਲੋਂ ਆਪਣੇ ਮੁਲਾਜਮਾਂ ਨੂੰ ਹਰ ਮਹੀਨੇ ਤਨਖਾਹ ਦੇਣ ਸਬੰਧੀ।

ਸ੍ਰੀਮਾਨ/ਸ੍ਰੀਮਤੀ ਜੀ,

ਉਪਰੋਕਤ ਵਿਸ਼ੇ ਦੇ ਸਬੰਧ ਵਿਚ।

2. ਵਿਸ਼ੇ ਅੰਕਿਤ ਮਾਮਲੇ ਦੇ ਸਬੰਧ ਵਿਚ ਆਪ ਜੀ ਦੇ ਧਿਆਨ ਵਿੱਚ ਲਿਆਦਾਂ ਜਾਂਦਾ ਹੈ ਕਿ ਰਾਜ ਸਰਕਾਰ ਵਲੋਂ ਇਹ ਪੁਰਜ਼ੋਰ ਕੋਸ਼ਿਸ਼ ਹੁੰਦੀ ਹੈ ਕਿ ਆਪਣੇ ਮੁਲਾਜਮਾਂ ਨੂੰ ਸਮੇਂ ਸਿਰ ਤਨਖਾਹਾਂ ਦੀ ਅਦਾਇਗੀ ਕੀਤੀ ਜਾਵੇ ਅਤੇ ਇਸ ਸਬੰਧ ਵਿਚ ਵਿੱਤ ਵਿਭਾਗ ਵਲੋਂ ਵੱਖ ਵੱਖ ਵਸੀਲਿਆਂ ਤੋਂ ਤਨਖਾਹਾਂ ਸਮੇਂ ਸਿਰ ਆਪਣੇ ਮੁਲਾਜਮਾਂ ਨੂੰ ਦੇਣ ਸਬੰਧੀ ਰਾਸ਼ੀ ਦਾ ਪ੍ਰਬੰਧ ਕਰਕੇ ਰੱਖਿਆ ਜਾਂਦਾ ਹੈ। ਪਰ ਇਹ ਅਕਸਰ ਹੀ ਵੇਖਿਆ ਜਾਂਦਾ ਹੈ ਕਿ ਵਿਭਾਗਾਂ ਦੇ ਡੀ.ਡੀ.ਓਜ ਵਲੋਂ ਆਪਣੇ ਮੁਲਾਜਮਾਂ ਨੂੰ ਤਨਖਾਹਾਂ ਦਿਵਾਉਣ ਲਈ ਸਮੇਂ ਸਿਰ ਖਜਾਨਾ ਦਫਤਰ ਵਿੱਚ ਬਿਲ ਪੇਸ਼ ਨਹੀ ਕੀਤੇ ਜਾਂਦੇ। ਵਿਭਾਗਾਂ ਦੇ ਡੀ.ਡੀ.ਓਜ ਵਲੋਂ ਤਨਖਾਹਾਂ ਦੇ ਬਿਲ ਅਕਸਰ ਹੀ ਹਰ ਮਹੀਨੇ ਦੀ 20-25 ਤਰੀਕ ਤੱਕ ਲਗਾਏ ਜਾਂਦੇ ਰਹਿੰਦੇ ਹਨ। ਇਸ ਤਰਾਂ ਮੁਲਾਜਮਾਂ ਨੂੰ ਸਮੇਂ ਸਿਰ ਤਨਖਾਹਾਂ ਨਾ ਮਿਲਣ ਕਰਕੇ ਸਰਕਾਰ ਦਾ ਅਕਸ ਖਰਾਬ ਹੁੰਦਾ ਹੈ ਅਤੇ ਸਬੰਧਤ ਮੁਲਾਜਮਾਂ ਨੂੰ ਇਹ ਜਾਪਦਾ ਹੈ ਕਿ ਸ਼ਾਇਦ ਵਿੱਤ ਵਿਭਾਗ ਵਲੋਂ ਤਨਖਾਹ ਜਾਰੀ ਨਹੀਂ ਕੀਤੀ ਗਈ।

3. ਇਸ ਲਈ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਆਉਂਦੇ ਵਿਭਾਗਾਂ ਦੇ ਸਮੂਹ ਡੀ.ਡੀ.ਓਜ ਨੂੰ ਸਖਤ ਹਦਾਇਤਾਂ ਜਾਰੀ ਕਰਨ ਦੀ ਖੇਚਲ ਕੀਤੀ ਜਾਵੇ ਕਿ ਉਹ ਮੁਲਾਜਮਾਂ ਦੀਆਂ ਤਨਖਾਹਾਂ ਸਬੰਧੀ ਬਿਲ ਖਜਾਨਾ ਦਫਤਰ ਵਿੱਚ ਹਰ ਮਹੀਨੇ ਦੀ 7 ਤਰੀਕ ਤੱਕ ਲਗਾਉਣਾ ਯਕੀਨੀ ਬਣਾਉਣ ਤਾਂ ਜੋ ਸਰਕਾਰ ਵਲੋਂ ਮੁਲਾਜਮਾਂ ਨੂੰ ਤਨਖਾਹਾਂ ਸਮੇਂ ਸਿਰ ਅਦਾ ਕੀਤੀਆਂ ਜਾ ਸਕਣ। ਜੇਕਰ ਫਿਰ ਵੀ ਕਿਸੇ ਡੀ.ਡੀ.ਓਜ਼ ਵਲੋਂ ਕੋਈ ਅਣਗਹਿਲੀ ਕੀਤੀ ਗਈ ਤਾਂ ਸਬੰਧਤ ਡੀ.ਡੀ.ਓਜ਼ ਵਿਰੁੱਧ ਸਖਤ ਅਨੁਸ਼ਾਸ਼ਨੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

ਵਿਸ਼ਵਾਸਪਾਤਰ,
ਹਰਵਿੰਦਰ ਸਿੰਘ
(ਹਰਵਿੰਦਰ ਸਿੰਘ)
ਬਜਟ ਅਫਸਰ

ਇਕ ਉਤਾਰਾ ਮੁੱਖ ਸਕੱਤਰ ਪੰਜਾਬ ਜੀ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਹਰਵਿੰਦਰ ਸਿੰਘ
ਬਜਟ ਅਫਸਰ

ਸੇਵਾ ਵਿਖੇ

ਮੁੱਖ ਸਕੱਤਰ, ਪੰਜਾਬ ਸਰਕਾਰ।

ਅੰ.ਵਿ.ਪੰ.ਨੰ.13/18/2023-1ਵਿ.ਬ2/707 ਮਿਤੀ, ਚੰਡੀਗੜ੍ਹ: 20 ਜੁਲਾਈ, 2023

Scanned with CamScanner

**ਦਫਤਰ ਜਿਲਾ ਸਿਖਿਆ ਅਫਸਰ (ਸੈਸਿ) ਬਠਿੰਡਾ**

ਪੱਤਰ ਨੰ- ਲ-7/1 ( )2023/387 ਮਿਤੀ- 21/07/2023

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ/ਡੀ.ਡੀ.ਓਜ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ

21/07/23

ਜਿਲਾ ਸਿਖਿਆ ਅਫਸਰ (ਸੈਸਿ)
ਬਠਿੰਡਾ

Scanned with CamScanner